ਦਫਤਰ ਜਿਲ੍ਹਾ ਲੋਕ ਸੰਪਰਕ ਅਫਸਰ, ਫਾਜ਼ਿਲਕਾ

## ਮੰਡੀਆਂ 'ਚ 146296 ਮੀਟ੍ਰਿਕ ਟਨ ਝੋਨੇ ਦੀ ਹੋਈ ਆਮਦ-ਈਸ਼ਾ ਕਾਲੀਆ

## 139459 ਮੀਟ੍ਰਿਕ ਟਨ ਝੋਨੇ ਦੀ ਏਜੰਸੀਆਂ ਵੱਲੋਂ ਕੀਤੀ ਗਈ ਖਰੀਦ

## ਪਕਣ ਉਪਰੰਤ ਹੀ ਮੰਡੀਆਂ 'ਚ ਲਿਆਂਦੀ ਜਾਵੇ ਝੋਨੇ ਦੀ ਫਸਲ

## ਜਲਦ ਤੋਂ ਜਲਦ ਕਰਵਾਈ ਜਾਵੇ ਲਿਫਟਿੰਗ

## ਪਰਾਲੀ ਨੂੰ ਅੱਗ ਲਗਾਉਣ 'ਤੇ ਰੋਕ

ਫਾਜ਼ਿਲਕਾ 15 ਅਕਤੂਬਰ

ਜ਼ਿਲ੍ਹੇ ਦੀਆਂ ਮੰਡੀਆਂ 'ਚ ਬੀਤੀ ਸਾਮ ਤੱਕ 146296 ਮੀਟ੍ਰਿਕ ਟਨ ਝੋਨੇ ਦੀ ਆਮਦ ਹੋਈ ਹੈ। ਬੀਤੀ ਸਾਮ ਤੱਕ ਖਰੀਦ ਏਜੰਸੀਆਂ ਵੱਲੋਂ 139459 ਮੀਟ੍ਰਿਕ ਟਨ ਝੋਨੇ ਦੀ ਖਰੀਦ ਕੀਤੀ ਜਾ ਚੁੱਕੀ ਹੈ। ਇਹ ਜਾਣਕਾਰੀ ਡਿਪਟੀ ਕਮਿਸਨਰ ਸ੍ਰੀਮਤੀ ਈਸ਼ਾ ਕਾਲੀਆ ਨੇ ਦਿੱਤੀ। ਉਨ੍ਹਾਂ ਖਰੀਦ ਏਜੰਸੀਆਂ ਦੇ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਕਿਸਾਨਾਂ ਨੂੰ ਕਿਸੇ ਤਰ੍ਹਾਂ ਦੀ ਪ੍ਰੇਸ਼ਾਨੀ ਨਾ ਆਉਣ ਦਿੱਤੀ ਜਾਵੇ। ਉਨ੍ਹਾਂ ਕਿਸਾਨਾਂ ਨੂੰ ਅਪੀਲ ਕੀਤੀ ਹੈ ਕਿ ਨਾ ਹੀ ਰਾਤੇ ਸਮੇਂ ਕਬਾਇਨਾਂ ਨਾਲ ਕਟਾਈ ਕੀਤੀ ਜਾਵੇ ਤੇ ਨਾ ਹੀ ਪਰਾਲੀ ਨੂੰ ਅੱਗ ਲਗਾਈ ਜਾਵੇ।

ਡਿਪਟੀ ਕਮਿਸ਼ਨਰ ਸ੍ਰੀਮਤੀ ਈਸ਼ਾ ਕਾਲੀਆ ਨੇ ਕਿਸਾਨਾਂ ਨੂੰ ਮੰਡੀਆਂ 'ਚ ਸੁੱਕਾ ਝੋਨਾ ਲਿਆਉਣ ਦੀ ਅਪੀਲ ਕੀਤੀ, ਤਾਂ ਜੋ ਉਨ੍ਹਾਂ ਨੂੰ ਆਪਣੀ ਢੇਰੀ ਵੇਚਣ ਲਈ ਮੰਡੀਆਂ ਵਿੱਚ ਜ਼ਿਆਦਾ ਦੇਰ ਰੁਕਣਾ ਨਾ ਪਵੇ। ਇਸ ਦੇ ਨਾਲ-ਨਾਲ ਉਨ੍ਹਾਂ ਕਿਸਾਨਾਂ ਨੂੰ ਕਿਹਾ ਕਿ ਫਸਲ ਪੱਕਣ ਉਪਰੰਤ ਹੀ ਮੰਡੀਆਂ ਵਿੱਚ ਲਿਆਈ ਜਾਵੇ।

ਜ਼ਿਲ੍ਹਾ ਫੂਡ ਸਪਲਾਈ ਕੰਟਰੋਲਰ ਸ੍ਰੀਮਤੀ ਗੀਤੂ ਬਿਸ਼ੰਬੂ ਨੇ ਵੱਖ-ਵੱਖ ਖਰੀਦ ਏਜੰਸੀਆਂ ਵੱਲੋਂ ਖਰੀਦ ਕੀਤੇ ਗਏ ਝੋਨੇ ਦਾ ਵੇਰਵਾ ਦਿੰਦਿਆਂ ਦੱਸਿਆ ਕਿ ਬੀਤੇ ਦਿਨ ਤੱਕ ਪਨਗ੍ਰੇਨ ਵੱਲੋ 28623 ਮੀਟ੍ਰਿਕ ਟਨ, ਮਾਰਕਫੈਡ ਵੱਲੋਂ 24204 ਮੀਟ੍ਰਿਕ ਟਨ, ਪਨਸਪ ਵੱਲੋਂ 35801 ਮੀਟ੍ਰਿਕ ਟਨ, ਵੇਅਰਹਾਉਸ ਵੱਲੋਂ 18805 ਮੀਟ੍ਰਿਕ ਟਨ,ਪੰਜਾਬ ਐਗਰੋ ਵੱਲੋਂ 11140 ਮੀਟ੍ਰਿਕ ਟਨ, ਐਫ.ਸੀ.ਆਈ ਵੱਲੋਂ 19 ਮੀਟ੍ਰਿਕ ਟਨ ਅਤੇ ਪ੍ਰਾਇਵੇਟ ਵਪਾਰੀਆਂ ਵੱਲੋਂ 20867 ਮੀਟ੍ਰਿਕ ਟਨ ਝੋਨਾ ਖਰੀਦ ਕੀਤਾ ਗਿਆ।